**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ**
**ਐਸ.ਸੀ.ਓ. 104-106, ਸੈਕਟਰ 34 ਏ, ਚੰਡੀਗੜ੍ਹ**

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ)
ਪੰਜਾਬ

ਮੀਮੋ ਨੰ. ਡਿਪਟੀ.ਐਸ.ਪੀ.ਡੀ/ਐਸ.ਐਸ.ਏ/2009/57018-57037
ਮਿਤੀ ਚੰਡੀਗੜ੍ਹ: 05-08-2009

**ਵਿਸ਼ਾ:-ਕਰਮਚਾਰੀਆਂ/ਅਧਿਕਾਰੀਆਂ ਦੀਆਂ ਛੁੱਟੀਆਂ ਸਮੇਂ ਸਿਰ ਨਾ ਮਨਜ਼ੂਰ ਕਰਨ ਬਾਰੇ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਇਹ ਦੇਖਣ ਵਿੱਚ ਆਇਆ ਹੈ ਕਿ ਕਰਮਚਾਰੀਆਂ/ਅਧਿਕਾਰੀਆਂ ਦੀਆਂ ਛੁੱਟੀਆਂ ਕਈ ਕਈ ਮਹੀਨੇ ਸਬੰਧਤ ਸਮਰਥ ਅਧਿਕਾਰੀਆਂ ਵੱਲੋਂ ਮਨਜ਼ੂਰ ਨਹੀਂ ਕੀਤੀਆਂ ਜਾਂਦੀਆਂ।ਜਿਸ ਕਾਰਨ ਕਈ ਤਰ੍ਹਾਂ ਦੀ ਸ਼ੰਕਾ ਪੈਦਾ ਹੁੰਦੀ ਹੈ। ਇਸ ਲਈ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅੱਗੇ ਤੋਂ ਇਹ ਯਕੀਨੀ ਬਣਾਇਆ ਜਾਵੇ:-

(ੳ) ਕਮਾਈ ਛੁੱਟੀ ਘੱਟ ਤੋਂ ਘੱਟ 15 ਦਿਨ ਪਹਿਲਾਂ ਕਰਮਚਾਰੀ/ਅਧਿਕਾਰੀ ਵੱਲੋਂ ਅਪਲਾਈ ਕੀਤੀ ਜਾਵੇ ਅਤੇ ਸਬੰਧਤ ਸਮਰੱਥ ਅਧਿਕਾਰੀ ਵੱਲੋਂ ਕਰਮਚਾਰੀ/ ਅਧਿਕਾਰੀ ਛੁੱਟੀ ਜਾਣ ਤੋਂ ਪਹਿਲਾ ਪਹਿਲਾ ਮਨਜ਼ੂਰ/ਨਾ ਮਨਜ਼ੂਰ ਕੀਤੀ ਜਾਵੇ।

(ਅ) ਅਚਨਚੇਤ ਛੁੱਟੀ ਜਦੋਂ ਅਪਲਾਈ ਕੀਤੀ ਜਾਂਦੀ ਹੈ ਉਸੇ ਦਿਨ ਮਨਜ਼ੂਰ ਕੀਤੀ ਜਾਵੇ ਅਤੇ ਸਬੰਧਤ ਰਿਕਾਰਡ ਵਿੱਚ ਦਰਜ ਕੀਤੀ ਜਾਵੇ।

(ੲ) ਮੈਡੀਕਲ ਛੁੱਟੀ ਕਰਮਚਾਰੀ/ਅਧਿਕਾਰੀ ਵੱਲੋਂ ਫਿਟਨੈਸ ਸਰਟੀਫਿਕੇਟ ਪ੍ਰਾਪਤ ਹੋਣ ਤੋਂ ਤਿੰਨ ਦਿਨ ਦੇ ਅੰਦਰ ਅੰਦਰ ਮਨਜ਼ੂਰ ਕਰਕੇ ਸਬੰਧਤ ਰਿਕਾਰਡ ਵਿੱਚ ਉਸ ਦੇ ਇੰਦਰਾਜ ਕੀਤੇ ਜਾਣ।

3.0 ਉਪਰੋਕਤ ਹਦਾਇਤਾਂ ਦੀ ਉਲੰਘਣਾ ਕਰਨ ਸਬੰਧੀ ਗੰਭੀਰਤਾ ਨਾਲ ਵਿਚਾਰਿਆ ਜਾਵੇਗਾ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**

ਪਿੱਠਅੰਕਣ ਨੰ.ਡਿਪਟੀ.ਐਸ.ਪੀ.ਡੀ/ਐਸ.ਐਸ.ਏ/2009/ ਮਿਤੀ

ਉਤਾਰਾ:-(1) ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ/ਇੰਚਾਰਜ ਪ੍ਰਾਇਮਰੀ ਸਿੱਖਿਆ ਅਫ਼ਸਰ ਨੂੰ ਇੰਨ-ਬਿੰਨ ਪਾਲਣਾ ਲਈ ਭੇਜਿਆ ਜਾਂਦਾ ਹੈ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**